# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 01-03-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਕੇਂਦਰੀ ਬਜਟ ਦਾ ਉਦੇਸ਼, ਖੇਤੀਬਾੜੀ ਸੈਕਟਰ ਨੂੰ ਖੁਸ਼ਹਾਲ ਬਣਾਉਣਾ ਏ ।
- ਪੰਜਾਬ ਵਿਚ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੀ ਸ਼ੁਰੂਆਤ - ਜਲੰਧਰ, ਅੰਮ੍ਰਿਤਸਰ ਸਮੇਤ 28 ਪੁਲਿਸ ਜ਼ਿਲਿਆਂ ਵਿਚ ਨਸ਼ਿਆਂ ਦਾ ਕਾਰੋਬਾਰ ਕਰਨ ਵਾਲੇ 290 ਤਸਕਰਾਂ ਨੂੰ ਗਿਰਫ਼ਤਾਰ ਕਰਦਿਆਂ 232 ਮਾਮਲੇ ਦਰਜ ਕੀਤੇ ਗਏ ।
- ਦੇਸ਼ ਭਰ ਵਿੱਚ ਅੱਜ ਤੋਂ ਜਨ ਔਸ਼ਧੀ ਜਨ ਚੇਤਨਾ ਹਫਤੇ ਦੀ ਸ਼ੁਰੂਆਤ ।
- ਮੌਸਮ ਵਿਭਾਗ ਨੇ 3 ਮਾਰਚ ਤੱਕ ਜੰਮੂ-ਕਸ਼ਮੀਰ ਵਿੱਚ ਭਾਰੀ ਮੀਂਹ ਅਤੇ ਬਰਫਬਾਰੀ ਦੀ ਪੇਸ਼ੀਨਗੋਈ ਕੀਤੀ ਏ ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਇਸ ਸਾਲ ਦੇ ਕੇਂਦਰੀ ਬਜਟ ਦਾ ਉਦੇਸ਼ ਖੇਤੀਬਾੜੀ ਸੈਕਟਰ ਨੂੰ ਵਧੇਰੇ ਲਚਕੀਲਾ ਅਤੇ ਖੁਸ਼ਹਾਲ ਬਣਾਉਣਾ ਏ। ਅੱਜ ਖੇਤੀਬਾੜੀ ਅਤੇ ਦਿਹਾਤੀ ਖੁਸ਼ਹਾਲੀ 'ਤੇ ਬਜਟ ਤੋਂ ਬਾਅਦ ਦੇ ਇੱਕ ਵੈਬੀਨਾਰ ਨੂੰ ਸੰਬੋਧਨ ਕਰਦਿਆਂ, ਸ੍ਰੀ ਮੋਦੀ ਨੇ ਕਿਹਾ ਕਿ ਵਿਕਸਤ ਭਾਰਤ ਦੇ ਟੀਚੇ ਵੱਲ ਵਧਣ ਦਾ ਭਾਰਤ ਦਾ ਸੰਕਲਪ ਬਹੁਤ ਸਪੱਸ਼ਟ ਏ। ਉਨ੍ਹਾਂ ਕਿਹਾ ਕਿ ਅਸੀਂ ਅਜਿਹੇ ਭਾਰਤ ਦੇ ਨਿਰਮਾਣ ਲਈ ਮਿਲ ਕੇ ਕੰਮ ਕਰ ਰਹੇ ਹਾਂ ਜਿੱਥੇ ਕਿਸਾਨ ਖੁਸ਼ਹਾਲ ਅਤੇ ਸ਼ਕਤ ਹੋਣਗੇ। ਉਨ੍ਹਾਂ ਕਿਹਾ ਕਿ ਖੇਤੀਬਾੜੀ ਨੂੰ ਵਿਕਾਸ ਦਾ ਪਹਿਲਾ ਇੰਜਣ ਮੰਨਦਿਆਂ, ਸਰਕਾਰ ਨੇ ਕਿਸਾਨਾਂ ਨੂੰ ਮਾਣ ਦਾ ਸਥਾਨ ਦਿੱਤਾ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸਰਕਾਰ ਨੇ ਕੇਂਦਰੀ ਬਜਟ ਵਿੱਚ 'ਪ੍ਰਧਾਨ ਮੰਤਰੀ ਧੰਨ ਧਾਨਯ ਕ੍ਰਿਸ਼ੀ ਯੋਜਨਾ' ਦਾ ਐਲਾਨ ਕੀਤਾ ਏ, ਜਿਸ ਤਹਿਤ ਦੇਸ਼ ਵਿੱਚ, ਸਭ ਤੋਂ ਘੱਟ ਖੇਤੀਬਾੜੀ ਉਤਪਾਦਕਤਾ ਵਾਲੇ, 100 ਜ਼ਿਲ੍ਹਿਆਂ ਦੇ ਵਿਕਾਸ 'ਤੇ ਧਿਆਨ ਦਿੱਤਾ ਜਾਵੇਗਾ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਦੁਨੀਆ 21ਵੀਂ ਸਦੀ ਦੇ ਭਾਰਤ ਵੱਲ ਉਤਸੁਕਤਾ ਨਾਲ ਦੇਖ ਰਹੀ ਏ। ਅੱਜ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ NXT ਸੰਮੇਲਨ 2025 ਨੂੰ ਸੰਬੋਧਨ ਕਰਦਿਆਂ, ਸ਼੍ਰੀ ਮੋਦੀ ਨੇ ਕਿਹਾ ਕਿ ਦੁਨੀਆ ਭਰ ਦੇ ਲੋਕ, ਇਸ ਦੇਸ਼ ਨੂੰ ਜਾਣਨ ਲਈ ਭਾਰਤ ਆਉਣਾ ਚਾਹੁੰਦੇ ਨੇ। ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਅੱਜ ਦੁਨੀਆ ਦਾ ਇੱਕ ਨਵਾਂ ਨਿਰਮਾਣ ਕੇਂਦਰ ਬਣ ਰਿਹਾ ਏ ਅਤੇ ਅੱਜ ਇਹ ਸਿਰਫ਼ ਇੱਕ ਕਾਰਜਬਲ ਹੀ ਨਹੀਂ ਬਲਕਿ ਇੱਕ ਵਿਸ਼ਵ ਸ਼ਕਤੀ ਬਣ ਰਿਹਾ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ 'ਵੋਕਲ ਫਾਰ ਲੋਕਲ' ਅਤੇ 'ਲੋਕਲ ਫਾਰ ਗਲੋਬਲ' ਦਾ ਦ੍ਰਿਸ਼ਟੀਕੋਣ ਦੇਸ਼ ਦੇ ਸਾਹਮਣੇ ਰੱਖਿਆ ਸੀ ਅਤੇ ਅੱਜ ਇਹ ਹਕੀਕਤ ਵਿੱਚ ਬਦਲ ਰਿਹਾ ਏ। ਉਨ੍ਹਾਂ ਕਿਹਾ, ਹੁਣ ਆਯੂਸ਼ ਉਤਪਾਦ ਅਤੇ ਯੋਗਾ ਸਥਾਨਕ ਤੋਂ ਆਲਮੀ ਹੋ ਗਏ ਹਨ। ਉਨ੍ਹਾਂ ਕਿਹਾ ਕਿ ਦੇਸ਼ ਪਹਿਲਾਂ ਜਿਨ੍ਹਾਂ ਵਸਤਾਂ ਦੀ ਦਰਾਮਦ ਕਰਦਾ ਸੀ, ਹੁਣ ਸਥਾਨਕ ਪੱਧਰ 'ਤੇ ਤਿਆਰ ਕੀਤਾ ਜਾ ਰਿਹਾ ਏ ਅਤੇ ਦੇਸ਼ ਉਨ੍ਹਾਂ ਉਤਪਾਦਾਂ ਦੇ ਬਰਾਮਦ ਕੇਂਦਰ ਵਜੋਂ ਉਭਰ ਰਿਹਾ ਏ। ਉਨ੍ਹਾਂ

ਕਿਹਾ ਕਿ ਕਿਸਾਨ, ਜੋ ਕਦੇ ਸਥਾਨਕ ਮੰਡੀਆਂ ਤੱਕ ਸੀਮਤ ਸਨ, ਹੁਣ ਆਪਣੀਆਂ ਫਸਲਾਂ ਨੂੰ ਵਿਸ਼ਵ ਮੰਡੀਆਂ ਤੱਕ ਪਹੁੰਚਦਾ ਦੇਖ ਰਹੇ ਹਨ। ਰਾਸ਼ਟਰੀ ਸਿੱਖਿਆ ਨੀਤੀ 2020 'ਤੇ, ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਦੇ ਨੌਜਵਾਨ ਸਾਡੀ ਪ੍ਰਮੁੱਖ ਤਰਜੀਹ ਏ ਅਤੇ ਸਿੱਖਿਆ ਨੀਤੀ ਨੇ ਵਿਦਿਆਰਥੀਆਂ ਨੂੰ ਪਾਠ ਪੁਸਤਕਾਂ ਤੋਂ ਅੱਗੇ ਸੋਚਣ ਦਾ ਮੌਕਾ ਦਿੱਤਾ ਏ ।

**BYTE:**

---------------------------------------------------------------

ਪੰਜਾਬ ਦੇ ਵਿੱਤ ਮੰਤਰੀ ਅਤੇ ਨਸ਼ਿਆਂ ਦੀ ਤਸਕਰੀ ਖਿਲਾਫ ਜੰਗ ਦੀ ਅਗਵਾਈ ਕਰਨ ਲਈ ਬਣਾਈ ਗਈ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਐਲਾਨ ਕੀਤਾ ਕਿ 'ਯੁੱਧ ਨਸ਼ਿਆਂ ਵਿਰੁੱਧ' ਕੈਬਨਿਟ ਸਬ-ਕਮੇਟੀ ਨੇ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ, ਹਰੇਕ ਕਮੇਟੀ ਮੈਂਬਰ ਲਈ ਵਿਸ਼ੇਸ਼ ਕਾਰਜ ਖੇਤਰ ਨਿਰਧਾਰਤ ਕੀਤਾ ਏ । ਸਬ-ਕਮੇਟੀ ਦੀ ਮੀਟਿੰਗ ਤੋਂ ਬਾਅਦ ਵਿੱਤ ਮੰਤਰੀ ਨੇ ਨਸ਼ਿਆਂ ਦੀ ਤਸਕਰੀ ਨੂੰ ਰੋਕਣ ਲਈ ਉਲੀਕੀ ਗਈ

ਰਣਨੀਤੀ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਖੁਲਾਸਾ ਕੀਤਾ ਕਿ ਨਸ਼ਾ ਤਸਕਰਾਂ ਦੁਆਲੇ ਸ਼ਿਕੰਜਾ ਕੱਸਣ ਲਈ ਕਮੇਟੀ ਦੇ ਚਾਰ ਕੈਬਨਿਟ ਮੰਤਰੀਆਂ, ਜਿੰਨ੍ਹਾਂ ਵਿੱਚ ਉਹ ਖੁਦ , ਅਮਨ ਅਰੋੜਾ, ਤਰੁਨਪ੍ਰੀਤ ਸਿੰਘ ਸੌਂਦ ਅਤੇ ਲਾਲਜੀਤ ਸਿੰਘ ਭੁੱਲਰ ਸ਼ਾਮਿਲ ਨੇ, ਨੂੰ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਦੀ ਜਿੰਮੇਵਾਰੀ ਸੌਂਪੀ ਗਈ ਏ। ਪੰਜਵੇਂ ਕਮੇਟੀ ਮੈਂਬਰ ਸਿਹਤ ਮੰਤਰੀ ਡਾ: ਬਲਬੀਰ ਸਿੰਘ ਸੂਬੇ ਵਿਚ ਨਸ਼ਾ ਛੁਡਾਊ ਗਤੀਵਿਧੀਆਂ ਦੀ ਨਿਗਰਾਨੀ ਕਰਨਗੇ|ਉਨ੍ਹਾਂ ਕਿਹਾ ਕਿ ਨਸ਼ਿਆਂ ਖਿਲਾਫ ਇਸ ਫੈਸਲਾਕੁੰਨ ਜੰਗ ਦਾ ਉਦੇਸ਼, ਨਸ਼ਿਆਂ ਦੀ ਸਪਲਾਈ ਲਾਈਨ ਨੂੰ ਤੋੜਨਾ ਏ। ਉਨ੍ਹਾਂ ਇਸ ਅਹਿਮ ਲੜਾਈ ਵਿੱਚ, ਪੰਜਾਬ ਦੇ ਲੋਕਾਂ ਦੇ ਸਾਥ ਅਤੇ ਸਹਿਯੋਗ ਦੀ ਮੰਗ ਵੀ ਕੀਤੀ।

**BYTE:**

ਕੈਬਿਨੇਟ ਮੰਤਰੀ ਅਮਨ ਅਰੋੜਾ ਨੇ ਆਪਣੀ ਗੱਲ ਨੂੰ ਦੁਹਰਾਉਂਦਿਆਂ ਨਸ਼ਾ ਤਸਕਰਾਂ ਨੂੰ ਫੇਰ ਤੋਂ ਚੇਤਾਵਨੀ ਦਿਤੀ ।

**BYTE:**

ਇਸਦੇ ਨਾਲ ਹੀ, ਉਨ੍ਹਾਂ ਸਾਰੀਆਂ ਸਿਆਸੀ ਪਾਰਟੀਆਂ ਅਤੇ ਧਾਰਮਿਕ ਸੰਗਠਨਾਂ ਨੂੰ ਨਸ਼ਿਆਂ ਖਿਲਾਫ ਇਸ ਮੁਹਿੰਮ ਵਿਚ ਮਿਲਕੇ ਹੰਬਲਾ ਮਾਰਨ ਦਾ ਸੱਦਾ ਦਿੱਤਾ। ਪੁਲਿਸ ਸੂਤਰਾਂ ਨੇ ਸਾਡੇ ਜਲੰਧਰ ਵਾਲੇ ਪੱਤਰਕਾਰ ਨੂੰ ਦੱਸਿਆ ਏ ਕੇ ਇਸ ਦੌਰਾਨ ਅੱਜ ਸੂਬੇ ਭਰ ਵਿਚ ਪੁਲਿਸ ਦੇ ਉੱਚ ਅਧਿਕਾਰੀਆਂ ਵਲੋਂ ਪੂਰੇ ਅਮਲੇ ਸਮੇਤ ਜਲੰਧਰ, ਅੰਮ੍ਰਿਤਸਰ ਸਮੇਤ 28 ਪੁਲਿਸ ਜ਼ਿਲਿਆਂ ਵਿਚ ਵੱਖ ਵੱਖ ਥਾਂਵਾਂ ਤੇ ਛਾਪੇ ਮਾਰਕੇ, ਕਰਕੇ ਨਸ਼ਿਆਂ ਦਾ ਕਾਰੋਬਾਰ ਕਰਨ ਵਾਲੇ 290 ਤਸਕਰਾਂ ਨੂੰ ਗਿਰਫ਼ਤਾਰ ਕੀਤਾ ਗਿਆ ਅਤੇ 232 ਮਾਮਲੇ ਦਰਜ ਕੀਤੇ ਗਏ ਨੇ। 8 ਹਜ਼ਾਰ 368 ਪੁਲਿਸ ਮੁਲਾਜ਼ਿਮਾਂ ਦੀਆਂ 900 ਟੀਮਾਂ ਨੇ ਇਸ ਕਾਰਵਾਈ ਨੂੰ ਅੰਜਾਮ ਦਿਤਾ ਏ। ਇਸ ਦੌਰਾਨ 2000 ਤੋਂ ਵੱਧ ਸ਼ਕੀ ਵਿਅਕਤੀਆਂ ਦੀ ਤਲਾਸ਼ੀ ਵੀ ਲਈ ਗਈ ਏ।

---------------------------------------------------------------

ਅੱਜ ਦੇਸ਼ ਭਰ ਵਿੱਚ ਜਨ ਔਸ਼ਧੀ ਜਨ ਚੇਤਨਾ ਹਫਤੇ ਦੀ ਸ਼ੁਰੂਆਤ ਹੋ ਗਈ ਏ । ਇਹ ਪ੍ਰੋਗਰਾਮ 7 ਮਾਰਚ ਤੱਕ ਚੱਲੇਗਾ। ਇਸ ਮੌਕੇ ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਜਗਤ ਪ੍ਰਕਾਸ਼ ਨੱਡਾ ਨੇ ਅੱਜ

ਨਵੀਂ ਦਿੱਲੀ ਵਿੱਚ ਪ੍ਰਧਾਨ ਮੰਤਰੀ ਭਾਰਤੀ ਜਨਔਸ਼ਧੀ ਯੋਜਨਾ ਦੇ ਰਥ ਅਤੇ 10 ਹੋਰ ਵਾਹਨਾਂ ਨੂੰ ਝੰਡੀ ਦੇ ਕੇ ਰਵਾਨਾ ਕੀਤਾ । ਇਸ ਮੌਕੇ ਸਿਹਤ ਅਤੇ ਪਰਿਵਾਰ ਭਲਾਈ ਅਤੇ ਰਸਾਇਣ ਅਤੇ ਖਾਦ ਰਾਜ ਮੰਤਰੀ ਅਨੁਪ੍ਰਿਆ ਪਟੇਲ ਵੀ ਮੌਜੂਦ ਸਨ। ਸ੍ਰੀ ਨੱਡਾ ਨੇ ਸਾਰਿਆਂ ਨੂੰ ਪ੍ਰਧਾਨ ਮੰਤਰੀ ਭਾਰਤੀ ਜਨਔਸ਼ਧੀ ਪਰਿਯੋਜਨਾ ਨੂੰ ਜਨ ਅੰਦੋਲਨ ਬਣਾਉਣ ਦੀ ਅਪੀਲ ਕੀਤੀ । ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਰਿਸ਼ਤੇਦਾਰਾਂ ਅਤੇ ਦੋਸਤਾਂ ਨੂੰ ਇਸ ਪ੍ਰੋਜੈਕਟ ਬਾਰੇ ਸੂਚਿਤ ਕਰਨ ਤਾਂ ਜੋ ਉਹ ਵੀ ਇਸ ਦਾ ਲਾਭ ਲੈ ਸਕਣ। ਸ੍ਰੀ ਨੱਡਾ ਨੇ ਕਿਹਾ ਕਿ ਲੋਕਾਂ ਨੂੰ ਘੱਟ ਕੀਮਤਾਂ 'ਤੇ ਦਵਾਈਆਂ ਮੁਹੱਈਆ ਕਰਵਾਉਣਾ ਸਰਕਾਰ ਦੀ ਜ਼ਿੰਮੇਵਾਰੀ ਏ ਅਤੇ ਸਰਕਾਰ ਨੇ ਆਪਣੀ ਜ਼ਿੰਮੇਵਾਰੀ ਨਿਭਾਈ ਏ।

**BYTE:**

ਇਸ ਮੌਕੇ ਬੋਲਦਿਆਂ ਰਾਜ ਮੰਤਰੀ ਅਨੁਪ੍ਰਿਆ ਪਟੇਲ ਨੇ ਕਿਹਾ ਕਿ ਜਨ ਔਸ਼ਧੀ ਹਫਤਾ ਫਾਰਮਾਸਿਊਟੀਕਲ ਵਿਭਾਗ ਵੱਲੋਂ ਮਨਾਇਆ ਜਾ ਰਿਹਾ ਏ । ਇਸ ਤਹਿਤ ਵੱਖ-ਵੱਖ ਗਤੀਵਿਧੀਆਂ ਰਾਹੀਂ ਜਾਗਰੂਕਤਾ ਪੈਦਾ ਕੀਤੀ ਜਾਵੇਗੀ । ਉਨ੍ਹਾਂ ਕਿਹਾ ਕਿ 2014 ਤੋਂ ਪਹਿਲਾਂ ਦੇਸ਼ ਵਿੱਚ

ਸਿਰਫ਼ 80 ਜਨ ਔਸ਼ਧੀ ਕੇਂਦਰ ਸਨ, ਪਰ ਉਨ੍ਹਾਂ ਦੀ ਗਿਣਤੀ ਵਧ ਕੇ 15 ਹਜ਼ਾਰ ਤੋਂ ਵੱਧ ਹੋ ਗਈ ਏ।

---------------------------------------------------------------

World Audio Visual & Entertainment Summit - WAVES, 'WAVES Explorer Challenge' ਵੀਂ creators ਭਤੇ ਵਗਟੀਵਾਰਾਂ ਨੂੰ YouTube Shorts ਬਣਾ ਕੇ ਭਾਰਤ ਬਾਰੇ ਦੱਸਣ ਦਾ ਮੌਕਾ ਪ੍ਰਦਾਨ ਕਰ ਰਿਹਾ ਏ। ਇਸ ਲਈ CONTENT ਅਸਲੀ ਹੋਣਾ ਚਾਹੀਦਾ ਏ ਅਤੇ ਖਾਸ ਤੌਰ 'ਤੇ ਇਸ ਮੁਕਾਬਲੇ ਲਈ ਬਣਾਇਆ ਹੋਣਾ ਚਾਹੀਦਾ ਏ। VLOG ਲਈ ਮਿਆਦ ਸੱਤ ਮਿੰਟ ਏ, ਜਦ ਕਿ Short Form Videos ਲਈ ਇਹ ਇੱਕ ਮਿੰਟ ਏ। ਭਾਈਵਾਲੀ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਨਾਲ ਹਿੱਸੇਦਾਰੀ ਵਿੱਚ, ਇੰਟਰਨੈੱਟ ਅਤੇ ਮੋਬਾਈਲ ਐਸੋਸੀਏਸ਼ਨ ਆਫ਼ ਇੰਡੀਆ ਵਲੋਂ ਕਰਵਾਇਆ ਜਾ। ਰਿਹਾ ਇਹ ਮੁਕਾਬਲਾ, Create in India Challenge ਦਾ ਹਿੱਸਾ ਏ। ਇਹ WAVES ਤਹਿਤ ਇੱਕ ਪ੍ਰਮੁੱਖ ਪਹਿਲ ਏ। WAVES SUMMIT ਪਹਿਲੀ ਮਈ ਤੋਂ 4 ਮਈ ਤੱਕ, ਮੁੰਬਈ ਦੇ World Convention Centre & Jio World Gardens, ਵਿੱਚ ਕਰਵਾਇਆ ਜਾਵੇਗਾ।

**ਪੇਸ਼ ਏ ਇੱਕ ਰਿਪੋਰਟ >**

-----------------------------------------------------------

ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਏ ਕਿ ਸਾਨੂੰ ਸਾਡੀ ਨੌਜਵਾਨ ਪੀੜੀ ਨੂੰ ਕਲਾ ਖੇਤਰ ਨਾਲ ਜੋੜਨ ਦੀ ਲੋੜ ਏ ਤਾਂ ਕਿ ਉਹ ਸਿਰਜਣਾਤਮਕਤਾ ਨਾਲ ਜੁੜ ਕੇ ਚੰਗੀ ਸੋਚ ਅਪਣਾਉਣ। ਅੱਜ ਜਲੰਧਰ ਦੇ ਵਿਰਸਾ ਵਿਹਾਰ ਵਿਚ ਰਮੇਸ਼ ਚੰਦਰ ਮੈਮੋਰੀਅਲ ਟਰੱਸਟ ਵੱਲੋਂ ਉੱਘੇ ਫਿਲਮ ਅਭਿਨੇਤਾ ਬਲਰਾਜ ਸਾਹਨੀ ਦੇ ਪੋਤੇ ਵਰੁਣਜਯ ਸਾਹਨੀ ਦੀ ਪੇਂਟਿੰਗ ਫੋਟੋਗ੍ਰਾਫੀ ਨੁਮਾਇਸ਼ ਦਾ ਉਦਘਾਟਨ ਕਰਦਿਆਂ ਡਾ. ਅਗਰਵਾਲ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਕਲਾ ਨਾਲ ਜੁੜ ਕੇ ਇਸ ਨੂੰ ਹੋਰ ਉਤਸ਼ਾਹਤ ਕਰਨਾ ਚਾਹੀਦਾ ਏ। ਇਸ ਪ੍ਰਦਰਸ਼ਨੀ ਵਿਚ ਜਲੰਧਰ ਦੀਆਂ ਕੁਝ ਉੱਘੀਆਂ ਸ਼ਖਸੀਅਤਾਂ ਅਤੇ ਵਿਦਿਆਰਥੀਆਂ ਸਮੇਤ ਆਮ ਲੋਕਾਂ ਨੇ ਹਿੱਸਾ ਲਿਆ। ਇਹ ਪ੍ਰਦਰਸ਼ਨੀ ਕੱਲ 2 ਮਾਰਚ ਤੱਕ ਜਾਰੀ ਰਹੇਗੀ।

-----------------------------------------------------------

ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਵਿਭਾਗ ਨੇ ਐਨ.ਓ.ਸੀ. ਤੋਂ ਬਿਨਾਂ ਪਲਾਟਾਂ ਦੀ ਰਜਿਸਟ੍ਰੇਸ਼ਨ ਦੀ ਦਿੱਤੀ ਸਹੂਲਤ ਸਬੰਧੀ ਆਖ਼ਰੀ ਤਰੀਕ ਨੂੰ ਵਧਾਉਂਦਿਆਂ ਹੁਣ 31 ਅਗਸਤ ਤੱਕ ਕਰਨ ਦਾ ਫੈਸਲਾ ਕੀਤਾ ਏ। ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆਂ

ਨੇ ਕਿ ਪੰਜਾਬ ਅਪਾਰਟਮੈਂਟ ਐਂਡ ਪ੍ਰਾਪਰਟੀ ਰੈਗੂਲੇਸ਼ਨ (ਸੋਧ) ਕਾਨੂੰਨ, 2024 ਰਾਹੀਂ ਲੈਂਡ ਡੀਡਜ਼ ਦੀ ਰਜਿਸਟਰੀ ਲਈ ਐਨ.ਓ.ਸੀ. ਦੀ ਸ਼ਰਤ ਨੂੰ ਖਤਮ ਕੀਤਾ ਗਿਆ ਸੀ। ਕੋਈ ਵੀ ਵਿਅਕਤੀ ਜਿਸ ਨੇ ਅਣਅਧਿਕਾਰਤ ਕਾਲੋਨੀ ਵਿਚ ਸਥਿਤ 500 ਵਰਗ ਗਜ਼ ਤੱਕ ਦੇ ਰਕਬੇ ਲਈ 31 ਜੁਲਾਈ, 2024 ਤੱਕ ਪਾਵਰ ਆਫ਼ ਅਟਾਰਨੀ, ਸਟੈਂਪ ਪੇਪਰ ’ਤੇ ਵੇਚਣ ਦਾ ਸਮਝੌਤਾ ਕੀਤਾ ਹੈ, ਨੂੰ ਜ਼ਮੀਨ ਦੀ ਰਜਿਸਟਰੀ ਲਈ ਇਤਰਾਜਹੀਣਤਾ ਸਰਟੀਫਿਕੇਟ ਦੀ ਲੋੜ ਨਹੀਂ ਹੋਵੇਗੀ।

---------------------------------------------------------------

ਮੌਸਮ ਵਿਭਾਗ ਨੇ 3 ਮਾਰਚ ਤੱਕ ਜੰਮੂ-ਕਸ਼ਮੀਰ ਵਿੱਚ ਭਾਰੀ ਮੀਂਹ ਅਤੇ ਬਰਫਬਾਰੀ ਦੀ ਪੇਸ਼ੀਨਗੋਈ ਕੀਤੀ ਏ। ਵਿਭਾਗ ਨੇ ਕਿਹਾ ਏ ਕਿ 2 ਅਤੇ 3 ਮਾਰਚ ਤੱਕ ਕੁਝ ਥਾਵਾਂ 'ਤੇ ਹਲਕੀ ਬਾਰਸ਼ ਅਤੇ ਬਰਫਬਾਰੀ ਦੀ ਸੰਭਾਵਨਾ ਏ ।ਮੌਸਮ ਵਿਭਾਗ ਮੁਤਾਬਿਕ ਸਾਧਨਾ ਪਾਸ, ਰਾਜ਼ਦਾਨ ਪਾਸ ਸਮੇਤ ਪਹਾੜੀ ਜ਼ਿਲ੍ਹਿਆਂ ਵਿੱਚ ਆਵਾਜਾਈ ਵਿੱਚ ਅਸਥਾਈ ਵਿਘਨ ਪੈ ਸਕਦਾ ਏ । ਸੈਲਾਨੀਆਂ, ਮੁਸਾਫ਼ਰਾਂ ਅਤੇ ਟਰਾਂਸਪੋਰਟਰਾਂ ਨੂੰ ਸਲਾਹ ਦਿੱਤੀ ਜਾਂਦੀਏ ਕਿ ਉਹ ਆਪਣੀ ਯਾਤਰਾ ਮੁਲਤਵੀ ਕਰਨ ਅਤੇ ਪ੍ਰਸ਼ਾਸਨ ਅਤੇ ਟ੍ਰੈਫਿਕ ਸਲਾਹ ਦੀ ਪਾਲਣਾ ਕਰਨ। ਕਿਸਾਨਾਂ ਨੂੰ ਸਿੰਚਾਈ ਅਤੇ ਹੋਰ ਖੇਤੀਬਾੜੀ ਕਾਰਜਾਂ ਨੂੰ

ਮੁਲਤਵੀ ਕਰਨ ਦੀ ਸਲਾਹ ਦਿੱਤੀ ਗਈ ਏ। ਸਲਾਹ ਵਿੱਚ ਇਹ ਵੀ ਕਿਹਾ ਗਿਆ ਏ  ਕਿ ਉੱਚੀਆਂ ਥਾਵਾਂ 'ਤੇ ਬਰਫ਼ੀਲੇ ਤੂਫ਼ਾਨ ਆਉਣ ਦੀ ਸੰਭਾਵਨਾ ਏ।

---------------------------------------------------------

**ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਕੇਂਦਰੀ ਬਜਟ ਦਾ ਉਦੇਸ਼, ਖੇਤੀਬਾੜੀ ਸੈਕਟਰ ਨੂੰ ਖੁਸ਼ਹਾਲ ਬਣਾਉਣਾ ਏ।
- ਪੰਜਾਬ ਵਿਚ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੀ ਸ਼ੁਰੂਆਤ - ਜਲੰਧਰ, ਅੰਮ੍ਰਿਤਸਰ ਸਮੇਤ 28 ਪੁਲਿਸ ਜ਼ਿਲਿਆਂ ਵਿਚ ਨਸ਼ਿਆਂ ਦਾ ਕਾਰੋਬਾਰ ਕਰਨ ਵਾਲੇ 290 ਤਸਕਰਾਂ ਨੂੰ ਗਿਰਫ਼ਤਾਰ ਕਰਦਿਆਂ 232 ਮਾਮਲੇ ਦਰਜ ਕੀਤੇ ਗਏ ।
- ਦੇਸ਼ ਭਰ ਵਿੱਚ ਅੱਜ ਤੋਂ ਜਨ ਔਸ਼ਧੀ ਜਨ ਚੇਤਨਾ ਹਫਤੇ ਦੀ ਸ਼ੁਰੂਆਤ।
- ਮੌਸਮ ਵਿਭਾਗ ਨੇ 3 ਮਾਰਚ ਤੱਕ ਜੰਮੂ-ਕਸ਼ਮੀਰ ਵਿੱਚ ਭਾਰੀ ਮੀਂਹ ਅਤੇ ਬਰਫਬਾਰੀ ਦੀ ਪੇਸ਼ੀਨਗੋਈ  ਕੀਤੀ ਏ।